*Waheguru Ji Ka Khalsa,*
*Waheguru Ji Ki Fateh*

*Today’s Hukamnama* *Wednesday 07-10-2026*

ਧਨਾਸਰੀ ਮਹਲਾ ੪ ॥

Dhanaasaree, Fourth Mehl:

ਧਨਾਸਰੀ ਚੌਥੀ ਪਾਤਿਸ਼ਾਹੀ।

ਇਛਾ ਪੂਰਕੁ ਸਰਬ ਸੁਖਦਾਤਾ ਹਰਿ ਜਾ ਕੈ ਵਸਿ ਹੈ ਕਾਮਧੇਨਾ ॥

The Lord is the Fulfiller of desires, the Giver of total peace; the Kaamadhaynaa, the wish-fulfilling cow, is in His power.

ਸਾਹਿਬ ਕਾਮਨਾ ਪੂਰੀਆਂ ਕਰਨ ਵਾਲਾ ਅਤੇ ਸਾਰੇ ਆਰਾਮ ਦੇਣਹਾਰ ਹੈ।
ਉਸ ਦੇ ਅਖਤਿਆਰ ਵਿੱਚ ਹੈ (ਮੁਰਾਦਾਂ ਪੂਰੀਆਂ ਕਰਨ ਵਾਲੀ) ਸਵਰਗੀ ਗਊ।

ਸੋ ਐਸਾ ਹਰਿ ਧਿਆਈਐ ਮੇਰੇ ਜੀਅੜੇ ਤਾ ਸਰਬ ਸੁਖ ਪਾਵਹਿ ਮੇਰੇ ਮਨਾ ॥੧॥

So meditate on such a Lord, O my soul. Then, you shall obtain total peace, O my mind. ||1||

ਇਸ ਲਈ ਐਹੋ ਜੇਹੇ ਸਾਹਿਬ ਦਾ ਸਿਮਰਨ ਕਰ, ਹੇ ਮੇਰੀ ਜਿੰਦੇ! ਕੇਵਲ ਤਦ ਹੀ ਤੂੰ ਸਾਰੇ ਸੁੱਖ ਆਰਾਮ ਪਾਵੇਂਗੀ, ਹੇ ਮੇਰੀ ਜਿੰਦੜੀਏ।

ਜਪਿ ਮਨ ਸਤਿ ਨਾਮੁ ਸਦਾ ਸਤਿ ਨਾਮੁ ॥

Chant, O my mind, the True Name, Sat Naam, the True Name.

ਹੇ ਮੇਰੇ ਮਨ! ਤੂੰ ਸਦੀਵ ਹੀ ਸੱਚੇ ਨਾਮ, ਸੱਚੇ ਨਾਮ ਦਾ ਸਿਮਰਨ ਕਰ।

ਹਲਤਿ ਪਲਤਿ ਮੁਖ ਊਜਲ ਹੋਈ ਹੈ ਨਿਤ ਧਿਆਈਐ ਹਰਿ ਪੁਰਖੁ ਨਿਰੰਜਨਾ ॥ ਰਹਾਉ ॥

In this world, and in the world beyond, your face shall be radiant, by meditating continually on the immaculate Lord God. ||Pause||

ਹਮੇਸ਼ਾਂ ਪਵਿੱਤਰ ਵਾਹਿਗੁਰੂ ਸੁਆਮੀ ਦਾ ਸਿਮਰਨ ਕਰਨ ਦੁਆਰਾ ਪ੍ਰਾਣੀ ਦਾ ਚਿਹਰਾ ਇਸ ਲੋਕ ਤੇ ਪ੍ਰਲੋਕ ਵਿੱਚ ਰੌਸ਼ਨ ਹੋ ਜਾਂਦਾ ਹੈ। ਠਹਿਰਾਓ।

ਜਹ ਹਰਿ ਸਿਮਰਨੁ ਭਇਆ ਤਹ ਉਪਾਧਿ ਗਤੁ ਕੀਨੀ ਵਡਭਾਗੀ ਹਰਿ ਜਪਨਾ ॥

Wherever anyone remembers the Lord in meditation, disaster runs away from that place. By great good fortune, we meditate on the Lord.

ਜਿਥੇ ਕਿਤੇ ਵਾਹਿਗੁਰੂ ਦੀ ਭਜਨ ਬੰਦਗੀ ਹੈ, ਉਥੋਂ ਸਾਰੀਆਂ ਮੁਸੀਬਤਾਂ ਦੌੜ ਜਾਂਦੀਆਂ ਹਨ।

ਕੇਵਲ ਪਰਮ ਚੰਗੇ ਨਸੀਬਾਂ ਵਾਲੇ ਹੀ ਸਾਈਂ ਦਾ ਆਰਾਧਨ ਕਰਦੇ ਹਨ।

ਜਨ ਨਾਨਕ ਕਉ ਗੁਰਿ ਇਹ ਮਤਿ ਦੀਨੀ ਜਪਿ ਹਰਿ ਭਵਜਲੁ ਤਰਨਾ ॥੨॥੬॥੧੨॥

The Guru has blessed servant Nanak with this understanding, that by meditating on the Lord, we cross over the terrifying world-ocean. ||2||6||12||

ਗੁਰਾਂ ਨੇ ਦਾਸ ਨਾਨਕ ਨੂੰ ਇਹ ਸਮਝ ਪ੍ਰਦਾਨ ਕੀਤੀ ਹੈ ਕਿ ਸੁਆਮੀ ਮਾਲਕ ਦਾ ਸਿਮਰਨ ਕਰਨ ਦੁਆਰਾ ਬੰਦਾ ਡਰਾਉਣੇ ਸੰਸਾਰ ਸਮੁੰਦਰ ਤੋਂ ਪਾਰ ਹੋ ਜਾਂਦਾ ਹੈ।

ਅੰਗ ੬੬੯